VIGILANCE BUREAU, PUNJAB

**Vigilance nabs 13 officials in bribery cases**

(Registers 6 vigilance enquiries to probe corruption charges)

Chandigarh, April 16 : State Vigilance Bureau (VB) during its ongoing drive against corruption in public life has been able to nab 13 officials red handed accepting bribes in 11 different trap cases during the last month which includes 3 police personnel, 2 revenue officials and 8 belonging to other departments.

Disclosing this, chief director-cum-ADGP vigilance bureau Punjab B.K. Uppal said the VB has put up its best efforts to stamp out corruption amongst public servants and others in every sphere during the period. In this direction, the vigilance officers have ensured that suspect did not escape judicial punishment in the various courts in the State, he added.

He informed that the bureau had submitted challans of 12 vigilance cases in various special courts in March. Apart from this, six vigilance enquires have also been registered to probe into the allegations against public servants. The VB has also registered two cases on the basis of vigilance inquiries and register a disproportionate assets case.

Giving more details, he informed that special court Bathinda has decided two bribery cases filed and contested by the bureau during last month. Labh Singh Junior Engineer of PSPCL Bareta, Mansa was convicted and sentenced with 1 year imprisonment and fine of Rs. 10,000 and Rajinder Kumar, Lineman in PSPCL Sub-Division commercial-2, Bathinda was sentenced with 4 years imprisonment and fine of Rs. 10,000.

----------------

# ਵਿਜੀਲੈਂਸ ਬਿਊਰੋ ਪੰਜਾਬ

## ਵਿਜੀਲੈਂਸ ਵੱਲੋਂ 13 ਮੁਲਾਜ਼ਮ ਰਿਸ਼ਵਤ ਲੈਂਦੇ ਕਾਬੂ

**(ਭ੍ਰਿਸ਼ਟਾਚਾਰ ਕੇਸਾਂ ਦੀ ਜਾਂਚ ਲਈ 6 ਵਿਜੀਲੈਂਸ ਪੜਤਾਲਾਂ ਦਰਜ)**

ਚੰਡੀਗੜ੍ਹ, 16 ਅਪਰੈਲ : ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪਿਛਲੇ ਮਹੀਨੇ ਦੌਰਾਨ ਕੁੱਲ 11 ਛਾਪੇ ਮਾਰਕੇ 13 ਸਰਕਾਰੀ ਮੁਲਾਜ਼ਮਾਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਜਿਨ੍ਹਾਂ ਵਿਚ ਮਾਲ ਮਹਿਕਮੇ ਦੇ 2 ਮੁਲਾਜ਼ਮ, ਪੁਲਿਸ ਵਿਭਾਗ ਦੇ 3 ਅਤੇ ਹੋਰਨਾਂ ਵੱਖ-ਵੱਖ ਵਿਭਾਗਾਂ ਦੇ 8 ਮੁਲਾਜਮਾਂ ਸਮੇਤ ਪ੍ਰਾਇਵੇਟ ਵਿਅਕਤੀ ਵੀ ਸ਼ਾਮਲ ਹਨ।

ਇਸ ਸਬੰਧੀ ਚੀਫ ਡਾਇਰੈਕਟਰ-ਕਮ-ਏ.ਡੀ.ਜੀ.ਪੀ ਵਿਜੀਲੈਂਸ ਬਿਓਰੋ ਪੰਜਾਬ ਬੀ.ਕੇ. ਉਪਲ ਨੇ ਕਿਹਾ ਕਿ ਬਿਓਰੋ ਨੇ ਜਨਤਕ ਸੇਵਾਵਾਂ ਅਤੇ ਹੋਰਨਾਂ ਖੇਤਰਾਂ ਵਿਚ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਆਪਣੀ ਪੂਰੀ ਕੋਸ਼ਿਸ਼ ਕੀਤੀ ਹੈ। ਇਸ ਦਿਸ਼ਾ ਵਿਚ ਵਿਜੀਲੈਂਸ ਅਫ਼ਸਰਾਂ ਨੇ ਇਹ ਸੰਕਲਪ ਲਿਆ ਹੈ ਕਿ ਰਾਜ ਦੇ ਵੱਖ-ਵੱਖ ਅਦਾਲਤਾਂ ਵਿੱਚ ਸ਼ੱਕੀ ਵਿਅਕਤੀ ਨੂੰ ਨਿਆਂਇਕ ਸਜ਼ਾ ਦਿਵਾਉਣ ਵਿਚ ਹਰ ਸੰਭਵ ਕੋਸ਼ਿਸ਼ਾਂ ਜਾਰੀ ਰਖਣਗੇ ।

ਉਨ੍ਹਾਂ ਕਿਹਾ ਕਿ ਫਰਵਰੀ ਮਹੀਨੇ ਦੌਰਾਨ ਬਿਓਰੋ ਵੱਲੋਂ ਭ੍ਰਿਸ਼ਟਾਚਾਰ ਸਬੰਧੀ ਕੇਸਾਂ ਦੇ 12 ਚਲਾਣ ਵੱਖ-ਵੱਖ ਵਿਸ਼ੇਸ਼ ਅਦਾਲਤਾਂ ਵਿਚ ਪੇਸ਼ ਕੀਤੇ ਗਏ। ਇਸੇ ਮਹੀਨੇ ਸਰਕਾਰੀ ਕਰਮਚਾਰੀਆਂ ਖਿਲਾਫ਼ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿਚ ਹੋਰ ਡੂੰਘਾਈ ਨਾਲ ਜਾਂਚ ਕਰਨ ਲਈ 6 ਵਿਜੀਲੈਂਸ ਪੜਤਾਲਾਂ ਵੀ ਦਰਜ ਕੀਤੀਆਂ ਗਈਆਂ। ਵਿਜੀਲੈਂਸ ਵਲੋਂ ਪਿਛਲੇ ਮਹੀਨ ਦੋਰਾਨ ਚਲ ਰਹੀਆਂ ਵਿਜੀਲੈਂਸ ਪੜਤਾਲਾਂ 'ਤੇ 2 ਮੁਕੱਦਮੇ ਦਰਜ ਕੀਤੇ ਹਨ ਤੋਂ ਇਲਾਵਾ ਵਿੱਤ ਤੋਂ ਵੱਧ ਜਾਇਦਾਦ ਬਣਾਉਣ ਦੇ ਮਾਮਲੇ ਵਿਚ ਇਕ ਮੁਕੱਦਮਾ ਦਰਜ ਕੀਤਾ ਗਿਆ ਹੈ।

ਇਸ ਸਬੰਧੀ ਹੋਰ ਵੇਰਵੇ ਦਿੰਦਿਆਂ ਸ਼੍ਰੀ ਉਪਲ ਨੇ ਦੱਸਿਆ ਕਿ ਇਸੇ ਮਹੀਨੇ ਦੌਰਾਨ 2 ਮੁਕੱਦਮਿਆਂ ਵਿਚ ਬਠਿੰਡਾ ਦੀ ਅਦਾਲਤ ਵਲੋਂ 2 ਦੋਸ਼ੀਆਂ ਨੂੰ ਸਜ਼ਾਵਾਂ ਅਤੇ ਜੁਰਮਾਨੇ ਸੁਣਾਏ ਗਏ ਜਿਨ੍ਹਾਂ ਵਿਚ ਲਾਭ ਸਿੰਘ ਜੂਨੀਅਰ ਇੰਜੀਨੀਅਰ, ਪੀ.ਐਸ.ਪੀ.ਸੀ.ਐਲ ਬਰੇਟਾ ਜਿਲਾ ਮਾਨਸਾ ਨੂੰ 1 ਸਾਲ ਦੀ ਕੈਦ ਸਮੇਤ 10,000 ਰੁਪਏ ਦਾ ਜੁਰਮਾਨੇ ਦੀ ਸਜ਼ਾ ਸੁਣਾਈ ਗਈ ਅਤੇ ਰਜਿੰਦਰ ਕੁਮਾਰ ਲਾਈਨਮੈਨ ਸਬ-ਡਵੀਜਨ ਕਮਰਸ਼ਿਅਲ-2 ਨੂੰ 4 ਸਾਲ ਦੀ ਕੈਦ ਸਮੇਤ 10,000 ਹਜਾਰ ਰੁਪਏ ਦਾ ਜੁਰਮਾਨੇ ਦੀ ਸਜ਼ਾ ਸੁਣਾਈ ਗਈ।